ਨੰ: 7/3/2015-ਰਸ1/ 1033

**ਪੰਜਾਬ ਸਰਕਾਰ**

**ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਭਲਾਈ ਵਿਭਾਗ**

**(ਰਿਜ਼ਰਵੇਸ਼ਨ ਸੈੱਲ)**

ਸੇਵਾ ਵਿਖੇ,

1) ਰਾਜ ਦੇ ਸਮੂਹ ਵਧੀਕ ਮੁੱਖ ਸਕੱਤਰ/ਵਿੱਤੀ ਕਮਿਸ਼ਨਰ/ਪ੍ਰਮੁੱਖ ਸਕੱਤਰ/ਪ੍ਰਬੰਧਕੀ ਸਕੱਤਰ;
2) ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ;
3) ਰਾਜ ਦੀਆਂ ਸਮੂਹ ਡਵੀਜ਼ਨਾਂ ਦੇ ਕਮਿਸ਼ਨਰਜ਼;
4) ਰਾਜ ਦੇ ਸਮੂਹ ਇੰਸਪੈਕਟਰ ਜਨਰਲ, ਪੁਲਿਸ/ਡਿਪਟੀ ਇੰਸਪੈਕਟਰ ਜਨਰਲ, ਪੁਲਿਸ;
5) ਰਾਜ ਦੇ ਸਮੂਹ ਜਿਲ੍ਹਾ ਅਤੇ ਸੈਸ਼ਨਜ਼ ਜੱਜ;
6) ਰਾਜ ਦੇ ਸਮੂਹ ਡਿਪਟੀ ਕਮਿਸ਼ਨਰਜ਼;
7) ਰਾਜ ਦੇ ਸਮੂਹ ਪੁਲਿਸ ਕਮਿਸ਼ਨਰਜ਼/ਸੀਨੀਅਰ ਪੁਲਿਸ ਕਪਤਾਨ;
8) ਰਾਜ ਦੇ ਸਮੂਹ ਉਪ ਮੰਡਲ ਅਫ਼ਸਰ (ਸਿਵਲ)।

ਮਿਤੀ, ਚੰਡੀਗੜ੍ਹ: 28/07/2017

ਵਿਸ਼ਾ: **ਅਨੁਸੂਚਿਤ ਜਾਤੀ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ਼ ਕਰਨ ਸਬੰਧੀ।**

•••••

ਸ਼੍ਰੀ ਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਸਰਕਾਰ ਦੇ ਪੱਤਰ ਨੰ: 7/3/2015-ਰਸ1/392 ਮਿਤੀ 28-12-2015 ਵੱਲ ਦਿਵਾਉਂਦੇ ਹੋਏ ਇਹ ਦੱਸਣ ਦੀ ਹਦਾਇਤ ਹੋਈ ਹੈ ਕਿ ਇਸ ਪੱਤਰ ਰਾਹੀਂ ਭਾਰਤ ਸਰਕਾਰ ਵੱਲੋਂ OM no. 12025/14/90-SCD ਮਿਤੀ 16.08.1990 ਰਾਹੀਂ ਜਾਰੀ ਹਦਾਇਤਾਂ ਦੇ ਸਨਮੁੱਖ ਇਹ ਲਿਖਿਆ ਗਿਆ ਸੀ ਕਿ ਇਹਨਾਂ ਹਦਾਇਤਾਂ ਅਨੁਸਾਰ ਅਨੁਸੂਚਿਤ ਜਾਤੀ/ਅਨੁਸੂਚਿਤ ਕਬੀਲਿਆਂ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ ਕੀਤਾ ਜਾਵੇ ਅਤੇ ਭਾਰਤ ਸਰਕਾਰ ਦੀਆਂ ਇਨ੍ਹਾਂ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨਾ ਯਕੀਨੀ ਬਣਾਇਆ ਜਾਵੇ।

2. ਪਰੰਤੂ ਸਰਕਾਰ ਦੇ ਧਿਆਨ ਵਿੱਚ ਲਿਆਂਦਾ ਗਿਆ ਹੈ ਕਿ ਕੁਝ ਵਿਭਾਗਾਂ/ਸਰਕਾਰੀ ਦਫ਼ਤਰਾਂ ਵੱਲੋਂ ਸਰਕਾਰੀ ਦਫ਼ਤਰੀ ਸ਼ਬਦਾਵਲੀ ਵਿੱਚ ਅਜੇ ਵੀ "ਹਰੀਜਨ/ਗਿਰੀਜਨ" ਸ਼ਬਦ ਦੀ ਵਰਤੋਂ ਕੀਤੀ ਜਾ ਰਹੀ ਹੈ, ਜੋ ਕਿ ਉਪਰੋਕਤ ਹਦਾਇਤਾਂ ਦੀ ਉਲੰਘਣਾਂ ਹੈ। ਇਸ ਲਈ ਆਪ ਨੂੰ ਮੁੜ ਲਿਖਿਆ ਜਾਂਦਾ ਹੈ ਕਿ ਅਨੁਸੂਚਿਤ ਜਾਤੀ/ਅਨੁਸੂਚਿਤ ਕਬੀਲਿਆਂ ਦੇ ਸਰਟੀਫਿਕੇਟਾਂ, ਦਫ਼ਤਰੀ ਕੰਮ-ਕਾਜ ਵਿੱਚ "ਹਰੀਜਨ" ਅਤੇ "ਗਿਰੀਜਨ" ਸ਼ਬਦ ਦੀ ਵਰਤੋਂ ਤੋਂ ਗੁਰੇਜ਼ ਕੀਤਾ ਜਾਵੇ।

3. ਆਪ ਨੂੰ ਬੇਨਤੀ ਹੈ ਕਿ ਇਹ ਹਦਾਇਤਾਂ ਸਮੂਹ ਸਬੰਧਤਾਂ ਦੇ ਧਿਆਨ ਵਿੱਚ ਲਿਆ ਦਿੱਤੀਆਂ ਜਾਣ।

**ਸੰਯੁਕਤ ਸਕੱਤਰ ਭਲਾਈ**

Scanned with Car

ਪਿੱਠਅੰਕਣਨੰ: 7/3/2015-ਰਸ1/ 1033779/9 ਮਿਤੀ, ਚੰਡੀਗੜ੍ਹ 28/07/2017

ਉਪਰੋਕਤ ਦਾ ਇੱਕ ਉਤਾਰਾ ਰਾਜ ਦੇ ਸਮੂਹ ਵਿਭਾਗਾਂ ਦੇ ਮੁਖੀਆਂ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਸੰਯੁਕਤ ਸਕੱਤਰ ਭਲਾਈ

ਪਿੱਠ ਅੰਕਣ ਨੰ: 7/3/2015-ਰਸ1/ 1033779/10-14 ਮਿਤੀ, ਚੰਡੀਗੜ੍ਹ 28/07/2017

ਉਪਰੋਕਤ ਦਾ ਇੱਕ ਉਤਾਰਾ ਹੇਠ ਲਿਖਿਆਂ ਨੂੰ ਸੂਚਨਾਂ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ:-

1) ਨਿੱਜੀ ਸਕੱਤਰ/ਮਾਨਯੋਗ ਮੁੱਖ ਸਕੱਤਰ, ਪੰਜਾਬ;
2) ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ, ਮਾਨਯੋਗ ਮੁੱਖ ਮੰਤਰੀ, ਪੰਜਾਬ;
3) ਰਾਜ ਦੇ ਸਮੂਹ ਬੋਰਡਾਂ/ਕਾਰਪੋਰੇਸ਼ਨਾਂ/ਯੂਨੀਵਰਸਿਟੀਆਂ/ਸਵਾਧੀਨ ਸੰਸਥਾਵਾਂ ਦੇ ਮੁੱਖੀ;
4) ਚੇਅਰਮੈਨ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ, ਕਮਰਾ ਨੰ:8, ਚੌਥੀ ਮੰਜਿਲ, ਪੰਜਾਬ ਸਿਵਲ ਸਕੱਤਰੇਤ-1, ਚੰਡੀਗੜ੍ਹ
5) ਡਾਇਰੈਕਟਰ, ਅਨੁਸੂਚਿਤ ਜਾਤੀਆਂ, ਪੱਛੜੀਆਂ ਸ਼੍ਰੇਣੀਆਂ ਅਤੇ ਘੱਟ ਗਿਣਤੀ ਵਰਗ ਭਲਾਈ ਵਿਭਾਗ, ਪੰਜਾਬ, ਚੰਡੀਗੜ੍ਹ।

ਸੰਯੁਕਤ ਸਕੱਤਰ ਭਲਾਈ

Scanned with Car